# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-07-2024**

- ਸ਼ਹਿਰੀ ਹਵਾਬਾਜ਼ੀ ਮੰਤਰਾਲੇ ਅਨੁਸਾਰ, ਸਾਰੇ ਹਵਾਈ ਅੱਡਿਆਂ 'ਤੇ ਏਅਰ-ਲਾਈਨ ਪ੍ਰਣਾਲੀਆਂ ਨੇ ਆਮ ਤੌਰ 'ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਏ ।
- ਗੁਰਦਾਸਪੁਰ ਜ਼ਿਲੇ ਦੇ ਕਾਹਨੂੰਵਾਨ ਛੰਭ ਵਿੱਚ ਸੁੱਟੇ ਜਾਂਦੇ ਕੂੜੇ ਦਾ ਮਸਲਾ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਹੱਲ ਹੋਇਆ ।
- ਆਮਦਨ ਕਰ ਵਿਭਾਗ ਨੇ ਕਰ ਦਾਤਾਵਾਂ ਨੂੰ ਔਨਲਾਈਨ ਧੋਖਾਧੜੀ ਤੋਂ ਬਚਣ ਦੀ ਚੇਤਾਵਨੀ ਦੇ ਨਾਲ ਹੀ, ਆਪਣੇ ਆਪ ਨੂੰ ਇਸ ਤੋਂ ਬਚਾਉਣ ਦੇ ਤਰੀਕਿਆਂ ਬਾਰੇ ਇਕ ਸਲਾਹ ਜਾਰੀ ਕੀਤੀ ।
- ਪੰਜਾਬ ਵਿੱਚ ਮਾਨਸੂਨ ਦੇ ਬਾਵਜੂਦ ਮੀਂਹ ਨਾ ਪੈਣ ਕਾਰਨ, ਤਾਪਮਾਨ ਵਿੱਚ ਲਗਾਤਾਰ ਵਾਧਾ ਹੋ ਰਿਹਾ ਏ ।

---

ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਏ, ਕਿ ਸਾਰੇ ਹਵਾਈ

ਅੱਡਿਆਂ 'ਤੇ ਏਅਰ-ਲਾਈਨ ਪ੍ਰਣਾਲੀਆਂ ਨੇ ਆਮ ਤੌਰ 'ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਏ । ਮਾਈਕ੍ਰੋਸਾਫਟ ਆਊਟੇਜ ਕਾਰਨ ਕੱਲ੍ਹ ਉਡਾਣਾਂ ਦਾ ਸੰਚਾਲਨ ਪ੍ਰਭਾਵਿਤ ਹੋਇਆ ਸੀ । ਇੱਕ ਬਿਆਨ ਵਿੱਚ, ਮੰਤਰਾਲੇ ਨੇ ਕਿਹਾ ਕਿ ਰੁਕਾਵਟਾਂ ਕਾਰਨ ਬਣਿਆ ਇੱਕ ਬੈਕਲਾਗ ਹੌਲੀ-ਹੌਲੀ ਸਾਫ਼ ਹੋ ਰਿਹਾ ਏ । ਸਰਕਾਰ ਹਵਾਈ ਅੱਡਿਆਂ 'ਤੇ ਸੰਚਾਲਨ ਦੀ ਨਿਰੰਤਰ ਨਿਗਰਾਨੀ ਕਰ ਰਹੀ ਏ ਅਤੇ ਏਅਰ-ਲਾਈਨਾਂ ਨਾਲ ਵੀ ਇਹ ਯਕੀਨੀ ਬਣਾ ਰਹੀਆ ਨੇ ਕਿ ਯਾਤਰਾ ਦੇ ਸੁਧਾਰ ਅਤੇ ਰਿਫੰਡ ਦਾ ਧਿਆਨ ਰੱਖਿਆ ਜਾਵੇ । ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਦੇ ਰਾਜ ਮੰਤਰੀ ਮੁਰਲੀਧਰ ਮੋਹੋਲ ਨੇ ਕਿਹਾ ਕਿ ਯਾਤਰੀਆਂ ਨੂੰ ਹੁਣ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ ਏ, ਅਤੇ ਉਡਾਣ ਦਾ ਕਾਰਜਕ੍ਰਮ ਆਮ ਵਾਂਗ ਚੱਲ ਰਿਹਾ ਏ ।

-------------------------------------------------------------

ਰਾਸ਼ਟਰੀ ਪ੍ਰੀਖਿਆ ਏਜੰਸੀ, NTA ਨੇ ਮੈਡੀਕਲ ਦਾਖਲਾ ਪ੍ਰੀਖਿਆ NEET- UG ਲਈ ਸ਼ਹਿਰ- ਵਾਰ ਅਤੇ ਕੇਂਦਰ- ਵਾਰ ਨਤੀਜੇ ਅੱਪਲੋਡ ਕਰ ਦਿੱਤੇ ਨੇ । NTA ਨੇ ਸਰਵਉੱਚ ਅਦਾਲਤ ਦੇ ਨਿਰਦੇਸ਼ਾਂ ਤੋਂ ਬਾਅਦ ਨਤੀਜੇ ਪ੍ਰਕਾਸ਼ਿਤ ਕੀਤੇ ਨੇ । ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ NTA ਨੂੰ ਅੱਜ ਦੁਪਹਿਰ 12 ਵਜੇ ਤੱਕ ਉਮੀਦਵਾਰਾਂ ਦੀ ਪਛਾਣ ਲੁਕਾਉਂਦੇ ਹੋਏ, ਸ਼ਹਿਰ- ਵਾਰ ਅਤੇ ਕੇਂਦਰ- ਵਾਰ ਨਤੀਜੇ ਆਪਣੀ

ਵੈਬਸਾਈਟ 'ਤੇ ਪ੍ਰਕਾਸ਼ਤ ਕਰਨ ਦੇ ਨਿਰਦੇਸ਼ ਦਿੱਤੇ ਸਨ । ਨਤੀਜੇ ਹੁਣ neet.ntaonline.in 'ਤੇ ਉਪਲਬਧ ਕਰਾਏ ਗਏ ਨੇ। ਇਸ ਦੌਰਾਨ ਰਾਜੇਂਦਰ ਇੰਸਟੀਚਿਊਟ ਆਫ ਮੈਡੀਕਲ ਸਾਇੰਸ ਰਿਮਸ ਰਾਂਚੀ ਦੇ ਪ੍ਰਬੰਧਨ ਨੇ MBBS ਦੇ ਦੂਜੇ ਸਾਲ ਦੀ ਵਿਦਿਆਰਥਣ ਸੁਰਭੀ ਕੁਮਾਰੀ ਨੂੰ NEET - UG ਦਾਖਲਾ ਪੇਪਰ ਲੀਕ ਮਾਮਲੇ ਵਿੱਚ ਉਸ ਦੀ ਸ਼ਮੂਲੀਅਤ ਤੋਂ ਬਾਅਦ ਮੁਅੱਤਲ ਕਰ ਦਿੱਤਾ ਏ। ਪ੍ਰਬੰਧਨ ਨੇ ਸੁਰਭੀ ਕੁਮਾਰੀ ਦੀਆਂ ਸਾਰੀਆਂ ਗਤੀਵਿਧੀਆਂ ਦੀ ਜਾਂਚ ਲਈ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਏ । CBI ਨੇ ਉਸ ਨੂੰ ਕੱਲ੍ਹ ਹੋਸਟਲ ਤੋਂ ਗ੍ਰਿਫ਼ਤਾਰ ਕਰ ਲਿਆ ਅਤੇ ਅਦਾਲਤ ਨੇ ਹੋਰ ਪੁੱਛਗਿੱਛ ਲਈ ਤਿੰਨ ਦਿਨ ਦੇ ਰਿਮਾਂਡ ’ਤੇ ਭੇਜ ਦਿੱਤਾ ਏ । ਪੁੱਛਗਿੱਛ ਦੌਰਾਨ ਸੁਰਭੀ ਨੇ ਮੰਨਿਆ ਕਿ ਉਸ ਨੇ ਪੇਪਰ ਲੀਕ ਮਾਮਲੇ ਲਈ, ਨੀਟ ਪ੍ਰੀਖਿਆ ਦੇ ਪੇਪਰ ਹੱਲ ਕੀਤੇ ਸਨ।

---------------------------------------------------------------

ਉੱਘੇ ਵਾਤਾਵਰਨ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ, ਗੁਰਦਾਸਪੁਰ ਜ਼ਿਲੇ ਦੇ ਕਾਹਨੂੰਵਾਨ ਛੰਭ ਵਿੱਚ ਸੁੱਟੇ ਜਾਂਦੇ ਕੂੜੇ ਦਾ ਮਸਲਾ ਹੱਲ ਹੋ ਗਿਆ ਏ। ਨਗਰ ਕੌਂਸਲ ਗੁਰਦਾਸਪੁਰ ਦੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਏ, ਕਿ ਅੱਜ ਤੋਂ ਬਾਅਦ

ਉਹ ਕਾਹਨੂੰਵਾਨ ਛੰਭ ਵਿੱਚ ਕੂੜਾ ਨਹੀਂ ਸੁੱਟਣਗੇ। ਬੀਤੇ ਕੁਝ ਦਿਨਾਂ ਤੋਂ ਪਿੰਡ ਚੋਪੜਾ ਅਤੇ ਇਲਾਕੇ ਦੇ ਲੋਕਾਂ ਨੇ ਕਾਹਨੂੰਵਾਨ ਛੰਭ ਬਚਾਓ ਮੰਚ ਦੇ ਜਰੀਏ ਮੋਰਚਾ ਲਗਾਇਆ ਹੋਇਆ ਸੀ, ਕਿ ਨਗਰ ਕੌਂਸਲ ਗੁਰਦਾਸਪੁਰ ਵੱਲੋਂ ਪਿੰਡ ਚੋਪੜਾ ਦੀ ਪੰਚਾਇਤੀ ਜ਼ਮੀਨ ਵਿੱਚ ਸੁੱਟਿਆ ਜਾਂਦਾ ਕੂੜਾ ਬੰਦ ਕੀਤਾ ਜਾਵੇ ਅਤੇ ਕੂੜੇ ਦੇ ਡੰਪ ਨੂੰ ਖ਼ਤਮ ਕੀਤਾ ਜਾਵੇ। ਇਸ ਸਬੰਧੀ ਇਲਾਕੇ ਦੀਆਂ ਕੁਝ ਪੰਚਾਇਤਾਂ ਨੇ ਮਤੇ ਪਾ ਕੇ, ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਭੇਜੇ ਸਨ ਕਿ ਉਹ ਆਪਣਾ ਦਖ਼ਲ ਦੇ ਕੇ ਇਸ ਮਸਲੇ ਨੂੰ ਹੱਲ ਕਰਵਾਉਣ । ਇਲਾਕੇ ਦੇ ਲੋਕਾਂ ਦੀ ਮੰਗ ਅਤੇ ਵਾਤਾਵਰਨ ਦੀ ਸ਼ੁੱਧਤਾ ਨੂੰ ਧਿਆਨ ਵਿੱਚ ਰੱਖਦਿਆਂ, ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਗੁਰਦਾਸਪੁਰ ਦਾ ਦੌਰਾ ਕੀਤਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ, ਇਸ ਸਾਰੇ ਮਸਲੇ ਦੇ ਹੱਲ ਵਿਚ ਕਾਮਯਾਬੀ ਹਾਸਲ ਕੀਤੀ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ। ਸਮਾਜ ਸੇਵੀ ਸੰਸਥਾਵਾਂ, ਵਾਤਾਵਰਨ ਪ੍ਰੇਮੀ ਅਤੇ ਆਮ

ਲੋਕ ਇਸ ਮੁਹਿੰਮ ਤੋਂ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ। ਫਾਜ਼ਿਲਕਾ ਦੇ ਅਸ਼ਵਨੀ ਫੁਟੇਲਾ ਨੇ ਤਬਦੀਲ ਹੋ ਰਹੇ ਵਾਤਾਵਰਨ 'ਤੇ ਚਿੰਤਾ ਪ੍ਰਗਟਾਉਂਦਿਆਂ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

---------------------------------------------------------------------

ਏਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਵਲੋਂ, ਅੱਜ ਕੇਂਦਰੀ ਜੇਲ੍ਹ, ਜਨਾਨਾ ਜੇਲ੍ਹ ਅਤੇ ਬੋਰ-ਸਟਲ ਜੇਲ੍ਹ ਵਿਖੇ ਵੱਖ-ਵੱਖ ਕਿਸਮ ਦੇ ਰੁੱਖਾਂ ਦੇ ਬੂਟੇ ਲਗਾਏ ਗਏ। ਜਿਲ੍ਹਾ ਤੇ ਸੈਸ਼ਨ ਜੱਜ ਤੇ  ਲੁਧਿਆਣਾ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਦੇ  ਚੇਅਰਮੈਨ, ਹਰਪ੍ਰੀਤ ਕੌਰ ਰੰਧਾਵਾ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ.ਨਗਰ ਦੇ ਮੈਂਬਰ ਸਕੱਤਰ, ਮਨਜਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਅੱਜ ਦੇ ਦੌਰ ਵਿਚ ਵਧਦੇ ਸ਼ਹਿਰੀਕਰਨ, ਸਨਅਤੀਕਰਨ ਅਤੇ ਵੱਡੇ ਪੱਧਰ 'ਤੇ ਦਰਖਤਾਂ ਦੀ ਹੋ ਰਹੀ ਕਟਾਈ ਕਾਰਨ ਚੌਗਿਰਦੇ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਕਾਰਣ ਵੱਧ ਤੋਂ ਵੱਧ ਬੂਟੇ ਲਾਉਣੇ  ਚਾਹੀਦੇ ਨੇ। ਜ਼ਿਕਰਯੋਗ ਏ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਜੱਜ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਦੀਆਂ

ਹਦਾਇਤਾਂ ਅਨੁਸਾਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਨੇ ਚੌਗੀਰਦੇ ਦੀ ਰੱਖਿਆ ਲਈ, ਪਹਿਲੀ ਜੁਲਾਈ ਤੋਂ 30 ਸਤੰਬਰ ਦੌਰਾਨ ਵੱਧ ਤੋਂ ਵੱਧ ਬੂਟੇ ਲਾਉਣ ਦੀ ਮੁਹਿੰਮ ਚਲਾਈ ਏ।

---------------------------------------------------------------

ਕਾਰਗਿਲ ਵਿਜੇ ਦਿਵਸ ਰਜਤ ਜੈਅੰਤੀ 2024 ਏਅਰ ਫੋਰਸ ਸਟੇਸ਼ਨ ਭਿਸੀਆਣਾ ਬਠਿੰਡਾ ਵਿਖੇ, ਰਾਸ਼ਟਰ ਲਈ ਸਰਵਉੱਚ ਕੁਰਬਾਨੀ ਦੇਣ ਵਾਲੇ ਯੋਧਿਆਂ ਦੀ ਵਿਰਾਸਤ ਦਾ ਸਨਮਾਨ ਕਰਨ ਅਤੇ ਆਪਰੇਸ਼ਨਾਂ ਵਿੱਚ ਹਿੱਸਾ ਲੈਣ ਵਾਲੇ ਸਾਰੇ ਜਵਾਨਾਂ ਦਾ ਧੰਨਵਾਦ ਕਰਨ ਲਈ ਮਨਾਇਆ ਗਿਆ । ਭਾਰਤੀ ਹਵਾਈ ਸੈਨਾ ਦੇ ਨੰਬਰ 17 ਸਕੁਐਡਰਨ, ਜਿਸਨੂੰ "ਗੋਲਡਨ ਐਰੋਜ਼" ਵਜੋਂ ਜਾਣਿਆ ਜਾਂਦਾ ਏ ਅਤੇ ਜਿਹੜਾ ਕਿ ਉਸ ਸਮੇਂ ਭਿਸੀਆਣਾ ਏਅਰ ਫੀਲਡ ਵਿਖੇ ਸਥਿਤ ਸੀ, ਨੇ ਓਪਰੇਸ਼ਨ ਸਫੇਦ ਸਾਗਰ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਦੁਸ਼ਮਣ ਦੀਆਂ ਫੌਜਾਂ ਨੂੰ ਬਾਹਰ ਕੱਢਣ ਲਈ ਕਈ ਖੋਜ ਮਿਸ਼ਨਾਂ ਨੂੰ ਚਲਾਇਆ । ਇਸ ਪ੍ਰਤੀ ਸਕੁਐਡਰਨ ਨੂੰ ਆਪਰੇਸ਼ਨਾਂ ਦੌਰਾਨ ਸ਼ਾਨਦਾਰ ਸੇਵਾਵਾਂ ਲਈ 'ਬੈਟਲ ਆਨਰਜ਼' ਨਾਲ ਸਨਮਾਨਿਤ ਕੀਤਾ ਗਿਆ। ਓਪਰੇਸ਼ਨਾਂ ਦੌਰਾਨ, ਸਕਵਾਡਰਨ ਲੀਡਰ ਅਜੇ ਆਹੂਜਾ ਨੇ ਮਿਗ 21 ਜਹਾਜ਼ ਉਡਾਉਂਦੇ ਹੋਏ ਸਰਵਉੱਚ ਬਲੀਦਾਨ ਦਿੱਤਾ ਅਤੇ ਇਸ ਬਹਾਦਰੀ ਕਾਰਜ ਲਈ ਉਨਾਂ ਨੂੰ ਮਰਨ ਉਪਰੰਤ 'ਵੀਰ

ਚੱਕਰ' ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨੂੰ ਯਾਦ ਕਰਨ ਲਈ ਕਲ ਹਵਾਈ ਯੋਧਿਆਂ ਅਤੇ ਪਰਿਵਾਰਾਂ ਲਈ ਸ਼ਹੀਦ ਯੋਧਿਆਂ ਅਤੇ ਸਾਬਕਾ ਸੈਨਿਕਾਂ ਦੇ ਵਾਰਸਾਂ ਨਾਲ ਗੱਲਬਾਤ ਕਰਨ ਲਈ, ਇੱਕ ਵਾਯੂਸੈਨਿਕ ਮਿਲਨ ਕਰਵਾਇਆ ਗਿਆ। ਇਸ ਸਮਾਗਮ ਨੇ ਸਾਬਕਾ ਸੈਨਿਕਾਂ, ਸੇਵਾ ਕਰਨ ਵਾਲੇ ਕਰਮਚਾਰੀਆਂ ਅਤੇ ਸੀਨੀਅਰ ਪਤਵੰਤਿਆਂ ਲਈ ਇੱਕ ਮੰਚ ਵਜੋਂ ਕੰਮ ਕੀਤਾ, ਜਿਸ ਨਾਲ ਭਵਿੱਖੀ ਪੀੜ੍ਹੀ ਨੂੰ ਯੁੱਧ ਦੀਆਂ ਕਹਾਣੀਆਂ ਨਾਲ ਪ੍ਰੇਰਿਤ ਕੀਤਾ ਗਿਆ।

------------------------------------------------------------

ਆਮਦਨ ਕਰ  ਵਿਭਾਗ ਨੇ ਕਰ ਦਾਤਾਵਾਂ ਨੂੰ ਔਨਲਾਈਨ ਧੋਖਾਧੜੀ ਤੋਂ ਬਚਣ ਦੀ ਚੇਤਾਵਨੀ ਦੇ ਨਾਲ ਹੀ, ਆਪਣੇ ਆਪ ਨੂੰ ਇਸ ਤੋਂ ਬਚਾਉਣ ਦੇ ਤਰੀਕਿਆਂ ਬਾਰੇ ਇਕ ਸਲਾਹ ਜਾਰੀ ਕੀਤੀ ਏ। ਵਿਭਾਗ ਨੇ ਕਿਹਾ ਏ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਸਾਈਬਰ ਅਪਰਾਧ ਦੀ ਰੋਕਥਾਮ ਕੀਤੀ ਜਾ ਸਕਦੀ ਏ।

------------------------------------------------------------

ਗੁਰਦਾਸਪੁਰ ਜ਼ਿਲੇ ਵਿਚ ਬਟਾਲਾ ਦੇ ਨਜਦੀਕ ਪਿੰਡ ਅਲੀਵਾਲ ਵਿਖੇ ਕਲ ਦੇਰ ਸ਼ਾਮ ਅਪਰਬਾਰੀ ਦੁਆਬ ਨਹਿਰ ਚ ਨਹਾ ਰਹੇ ਤਿੰਨ ਵਿਅਕਤੀਆਂ ਦੇ ਡੁੱਬਣ ਦਾ ਮਾਮਲਾ ਸਾਹਮਣੇ ਆਇਆ ਏ। ਦੋ

ਵਿਅਕਤੀਆਂ ਦੀਆਂ ਮ੍ਰਿਤਕ ਦੇਹਾਂ  ਬਰਾਮਦ ਹੋ ਗਈਆਂ ਨੇ ਜਦਕਿ ਤੀਜੇ ਦੀ ਭਾਲ ਜਾਰੀ ਏ। ਦੱਸਿਆ ਜਾਂਦਾ ਏ ਕਿ ਪਿੰਡ ਭਾਰਥਵਾਲ ਦੇ ਸਰਪੰਚ ਰਣਬੀਰ ਸਿੰਘ ਤੇਜ਼ ਪਾਣੀ ਦੇ ਵਹਾਅ ਵਿੱਚ ਰੁੜ੍ਹ ਗਏ ਅਤੇ ਉਨਾਂ ਨੂੰ ਬਚਾਉਣ ਦੀ ਕੋਸ਼ਿਸ਼  ਵਿਚ ਉਨਾਂ ਦੇ ਸਾਥੀ ਵੀ ਰੁੜ੍ਹ ਗ਼ਏ। ਰਣਬੀਰ ਸਿੰਘ ਦੇ ਭਰਾ ਨੇ ਦੱਸਿਆ ਕਿ ਸ਼ਾਮ 7 ਵਜੇ ਦੇ ਕਰੀਬ ਪਤਾ ਲੱਗਣ ਤੇ ਉਹ ਮੌਕੇ ਤੇ ਪਹੁੰਚੇ। ਉਸ ਵੇਲੇ ਮੱਖਣ ਸਿੰਘ ਤੇ ਕਰਤਾਰ ਸਿੰਘ ਸਰਪੰਚ ਨੂੰ ਬਚਾਉਣ ਵਿਚ ਲੱਗੇ ਸਨ ਪਰ ਥੋੜੀ ਦੇਰ ਵਿਚ ਉਹ ਵੀ ਰੁੜ ਗਏ ਜਦਕਿ ਇਕ ਵਿਅਕਤੀ ਨੂੰ ਪੱਗ ਦੀ ਮਦਦ ਨਾਲ ਬਚਾ ਲਿਆ ਗਿਆ।

---------------------------------------------------------

ਏਧਰ ਜਲੰਧਰ - ਅਮ੍ਰਿਤਸਰ ਕੌਮੀ ਸ਼ਾਹ ਮਾਰਗ ਤੇ ਜਲੰਧਰ ਸ਼ਹਿਰ ਲਾਗੇ ਸੁੱਚੀਪਿੰਡ ਇਲਾਕੇ ਨੇੜੇ ਫੌਜ ਦੇ ਟਰੱਕ ਅਤੇ ਕੈਂਟਰ ਵਿਚਾਲੇ ਅੱਜ ਸਵੇਰੇ ਹੋਈ ਜ਼ਬਰਦਸਤ ਟੱਕਰ ਵਿਚ ਫੌਜ ਦੇ ਕਰੀਬ ਪੰਜ ਜਵਾਨ ਜ਼ਖਮੀ ਹੋ ਗਏ। ਇਨਾਂ ਨੂੰ ਇਲਾਜ ਲਈ ਆਰਮੀ ਹਸਪਤਾਲ ਜਲੰਧਰ ਛਾਉਣੀ 'ਚ ਭਰਤੀ ਕਰਵਾਇਆ ਗਿਆ ਏ । ਪ੍ਰਾਪਤ ਜਾਣਕਾਰੀ ਅਨੁਸਾਰ ਇਕ ਕੈਂਟਰ ਅਤੇ ਆਰਮੀ ਦਾ ਟਰੱਕ ਅੰਮ੍ਰਿਤਸਰ ਵੱਲ ਜਾ

ਰਹੇ ਸਨ ਅਤੇ ਪਾਸ ਲੈਂਦੇ ਸਮੇਂ ਦੋਵੇਂ ਟਕਰਾ ਗਏ, ਜਿਸ ਕਾਰਨ ਇਹ ਹਾਦਸਾ ਵਾਪਰਿਆ।

-----------------------------------------------------------

ਪੰਜਾਬ ਵਿੱਚ ਮਾਨਸੂਨ ਦੇ ਬਾਵਜੂਦ ਮੀਂਹ ਨਾ ਪੈਣ ਕਾਰਨ, ਤਾਪਮਾਨ ਵਿੱਚ ਲਗਾਤਾਰ ਵਾਧਾ ਹੋ ਰਿਹਾ ਏ। ਬਠਿੰਡਾ ਵਿੱਚ ਤਾਪਮਾਨ ਇੱਕ ਵਾਰ ਫਿਰ 40 ਡਿਗਰੀ ਤੱਕ ਪਹੁੰਚ ਗਿਆ ਏ। ਇਸ ਦੇ ਨਾਲ ਹੀ 24 ਘੰਟਿਆਂ ਅੰਦਰ, ਸੂਬੇ ਦੇ ਤਾਪਮਾਨ ਵਿੱਚ 0.6 ਡਿਗਰੀ ਦਾ ਵਾਧਾ ਹੋਇਆ ਏ ਅਤੇ ਔਸਤ ਤਾਪਮਾਨ ਆਮ ਨਾਲੋਂ 3.5 ਡਿਗਰੀ ਵੱਧ ਰਹਿਣ ਦਾ ਅਨੁਮਾਨ ਏ। ਜਲੰਧਰ ਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਅੱਜ ਬੱਦਲਵਾਈ ਬਣੀ ਰਹੀ ਪਰ ਦੁਪਹਿਰ ਵੇਲੇ ਛਿੱਟੇ ਪੈਣ ਤੋਂ ਅਲਾਵਾ, ਲੋਕ ਮੀਂਹ ਦੀ ਰਾਹ ਹੀ ਵੇਖਦੇ ਰਹੇ। ਇਸ ਨਾਲ ਹੁੰਮਸ ਭਾਰੀ ਗਰਮੀ ਦਾ ਦੌਰ ਲਗਾਤਾਰ ਜਾਰੀ ਏ। ਮੌਸਮ ਵਿਗਿਆਨ ਕੇਂਦਰ ਨੇ ਸੂਬੇ ਵਿੱਚ ਅੱਜ ਮੀਂਹ ਨੂੰ ਲੈ ਕੇ ਕੋਈ ਅਲਰਟ ਜਾਰੀ ਨਹੀਂ ਕੀਤਾ ਏ। ਮਾਨਸੂਨ ਦੀ ਰਫ਼ਤਾਰ ਮੱਠੀ ਰਹਿਣ ਦਾ ਕਾਰਨ, ਬੰਗਾਲ ਦੀ ਖਾੜੀ ਵਿੱਚ ਦਬਾਅ ਦਾ ਕਮਜ਼ੋਰ ਹੋਣਾ ਅਤੇ ਪੱਛਮੀ ਗੜਬੜੀ ਏ। ਪਰ 21 ਜੁਲਾਈ ਦੀ ਭਵਿੱਖਬਾਣੀ ਅਨੁਸਾਰ ਜੇਕਰ ਬੰਗਾਲ ਦੀ ਖਾੜੀ

ਦਾ ਪ੍ਰਭਾਵ ਘੱਟ ਜਾਂਦਾ ਏ ਤਾਂ ਸੂਬੇ ਵਿੱਚ 22 ਜੁਲਾਈ ਤੋਂ ਮੀਂਹ ਪੈ ਸਕਦਾ ਏ।